ਬਸੰਤੁ ਮਹਲਾ ੩ ॥ ਭਗਤਿ ਕਰਹਿ ਜਨ ਦੇਖਿ ਹਜੂਰਿ ॥ ਸੰਤ ਜਨਾ ਕੀ ਪਗ ਪੰਕਜ ਧੂਰਿ ॥ ਹਰਿ ਸੇਤੀ ਸਦ ਰਹਹਿ ਲਿਵ ਲਾਇ ॥ ਪੂਰੈ ਸਤਿਗੁਰਿ ਦੀ ਆ ਬੁਝਾਇ ॥੧॥ ਦਾਸਾ ਕਾ ਦਾਸੁ ਵਿਰਲਾ ਕੋਈ ਹੋਇ ॥ ਊਤਮ ਪਦਵੀ ਪਾਵੈ ਸੋਇ ॥ ੧॥ ਰਹਾਉ ॥ ਏਕੋ ਸੇਵਹੁ ਅਵਰੁ ਨ ਕੋਇ ॥ ਜਿਤੁ ਸੇਵਿਐ ਸਦਾ ਸੁਖੁ ਹੋਇ ॥ ਨਾ ਓਹੁ ਮਰੈ ਨ ਆਵੈ ਜਾਇ ॥ ਤਿਸੁ ਬਿਨੁ ਅਵਰੁ ਸੇਵੀ ਕਿਉ ਮਾਇ ॥੨॥ ਸੇ ਜਨ ਸਾਚੇ ਜਿਨੀ ਸਾਚੁ ਪਛਾਣਿਆ ॥ ਆਪੁ ਮਾਰਿ ਸਹਜੇ ਨਾਮਿ ਸਮਾਣਿਆ ॥ ਗੁਰਮੁਖਿ ਨਾਮੁ ਪਰਾਪਤਿ ਹੋਇ ॥ ਮਨੁ ਨਿਰਮਲੁ ਨਿਰਮਲ ਸਚੁ ਸੋਇ ॥੩॥ ਜਿਨਿ ਗਿਆਨੁ ਕੀਆ ਤਿਸੁ ਹਰਿ ਤੂ ਜਾਣੁ ॥ ਸਾਚ ਸਬਦਿ ਪ੍ਰਭੁ ਏਕੁ ਸਿਞਾਣੁ ॥ ਹਰਿ ਰਸੁ ਚਾਖੈ ਤਾਂ ਸੁਧਿ ਹੋਇ ॥ ਨਾਨਕ ਨਾਮਿ ਰਤੇ ਸਚੁ ਸੋਇ ॥੪॥੮॥ {ਪੰਨਾ 1174}

ਪਦਅਰਥ:- ਕਰਹਿ—ਕਰਦੇ ਹਨ {ਬਹੁ-ਵਚਨ}। ਜਨ—ਸੇਵਕ {ਬਹੁ-ਵਚਨ}। ਦੇਖਿ—ਵੇਖ ਕੇ। ਹਜੂਰਿ—ਹਾਜ਼ਰ-ਨਾਜ਼ਰ, ਅੰਗ-ਸੰਗ। ਪਗ—ਚਰਨ। ਪੰਕਜ—ਕੌਲ-ਫੁੱਲ {ਪੰਕ—ਚਿੱਕੜ। ਜ—ਜੰਮਿਆ ਹੋਇਆ}। ਸੇਤੀ—ਨਾਲ। ਸਦ—ਸਦਾ। ਲਿਵ—ਲਗਨ। ਸਤਿਗੁਰਿ—ਗੁਰੂ ਨੇ।1।

ਪਦਵੀ—ਆਤਮਕ ਦਰਜਾ।1। ਰਹਾਉ।

ਸੇਵਹੁ—ਸਿਮਰੋ। ਜਿਤੁ—ਜਿਸ ਦੀ ਰਾਹੀਂ। ਜਿਤੁ ਸੇਵਿਐ—ਜਿਸ ਦੀ ਭਗਤੀ ਕਰਨ ਨਾਲ। ਆਵੈ—ਜੰਮਦਾ। ਜਾਇ—ਮਰਦਾ। ਅਵਰੁ—ਹੋਰ। ਸੇਵੀ—ਸੇਵੀਂ, ਮੈਂ ਸੇਵਾਂ। ਮਾਇ—ਹੇ ਮਾਂ!।2।

ਸਾਚੇ—ਅਟੱਲ ਜੀਵਨ ਵਾਲੇ, ਸਦਾ-ਥਿਰ ਪ੍ਰਭੂ ਦਾ ਰੂਪ। ਸਾਚੁ—ਸਦਾ-ਥਿਰ ਪ੍ਰਭੂ। ਪਛਾਣਿਆ—ਸਾਂਝ ਪਾਈ। ਆਪੁ—ਆਪਾ-ਭਾਵ। ਸਹਜੇ—ਆਤਮਕ ਅਡੋਲਤਾ ਵਿਚ। ਨਾਮਿ—ਨਾਮ ਵਿਚ। ਗੁਰਮੁਖਿ—ਗੁਰੂ ਦੀ ਸਰਨ ਪਿਆਂ। ਸਚੁ ਸੋਇ—ਉਹ ਸਦਾ-ਥਿਰ ਪ੍ਰਭੂ।3।

ਜਿਨਿ—ਜਿਸ (ਪ੍ਰਭੂ) ਨੇ। ਗਿਆਨੁ—ਆਤਮਕ ਜੀਵਨ ਦੀ ਸੂਝ। ਜਾਣੁ—ਸਾਂਝ ਪਾ ਲੈ। ਸਾਚ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ। ਸਿਞਾਣੁ—ਸਾਂਝ ਪਾ। ਸੁਧਿ—ਸੂਝ। ਨਾਮਿ ਰਤੇ—ਨਾਮ ਵਿਚ ਰੰਗੀਜ ਕੇ।4।

ਅਰਥ:- ਹੇ ਭਾਈ! ਕੋਈ ਵਿਰਲਾ ਮਨੁੱਖ (ਪਰਮਾਤਮਾ ਦੇ) ਸੇਵਕਾਂ ਦਾ ਸੇਵਕ ਬਣਦਾ ਹੈ, (ਜਿਹੜਾ ਮਨੁੱਖ ਬਣਦਾ ਹੈ) ਉਹ ਸ੍ਰੇਸ਼ਟ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ।1। ਰਹਾਉ।

ਹੇ ਭਾਈ! ਭਗਤ-ਜਨ ਪਰਮਾਤਮਾ ਨੂੰ ਅੰਗ-ਸੰਗ ਵੱਸਦਾ ਵੇਖ ਕੇ ਉਸ ਦੀ ਭਗਤੀ ਕਰਦੇ ਹਨ, ਸੰਤ ਜਨਾਂ ਦੇ ਸੋਹਣੇ ਚਰਨਾਂ ਦੀ ਧੂੜ (ਆਪਣੇ ਮੱਥੇ ਤੇ ਲਾਂਦੇ ਹਨ) ਉਹ ਸਦਾ ਪਰਮਾਤਮਾ ਨਾਲ ਆਪਣੀ ਸੁਰਤਿ ਜੋੜੀ ਰੱਖਦੇ ਹਨ। ਪੂਰੇ ਗੁਰੂ ਨੇ ਉਹਨਾਂ ਨੂੰ ਇਹ ਸਮਝ ਬਖ਼ਸ਼ੀ ਹੁੰਦੀ ਹੈ।1।

ਹੇ ਭਾਈ! ਉਸ ਇਕ ਪਰਮਾਤਮਾ ਦੀ ਭਗਤੀ ਕਰਿਆ ਕਰੋ, ਜਿਸ ਵਰਗਾ ਹੋਰ ਕੋਈ ਨਹੀਂ ਹੈ, ਤੇ ਜਿਸ ਦੀ ਭਗਤੀ ਕੀਤਿਆਂ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ। ਹੇ (ਮੇਰੀ) ਮਾਂ! ਉਹ ਪਰਮਾਤਮਾ ਨਾਹ ਕਦੇ ਮਰਦਾ ਹੈ, ਨਾਹ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ। ਮੈਂ ਉਸ ਤੋਂ ਬਿਨਾ ਕਿਸੇ ਹੋਰ ਦੀ ਭਗਤੀ ਕਿਉਂ ਕਰਾਂ?।2।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲਈ, ਉਹ ਅਟੱਲ ਜੀਵਨ ਵਾਲੇ ਹੋ ਗਏ। ਉਹ ਮਨੁੱਖ ਆਪਾ-ਭਾਵ ਗਵਾ ਕੇ ਆਤਮਕ ਅਡੋਲਤਾ ਵਿਚ ਹਰਿ-ਨਾਮ ਵਿਚ ਲੀਨ ਰਹਿੰਦੇ ਹਨ। ਹੇ ਭਾਈ! ਪਰਮਾਤਮਾ ਦਾ ਨਾਮ ਗੁਰੂ ਦੀ ਸਰਨ ਪਿਆਂ ਮਿਲਦਾ ਹੈ, (ਜਿਸ ਨੂੰ ਮਿਲਦਾ ਹੈ ਉਸ ਦਾ) ਮਨ ਪਵਿੱਤਰ ਹੋ ਜਾਂਦਾ ਹੈ, (ਉਸ ਨੂੰ) ਸਦਾ-ਥਿਰ ਤੇ ਪਵਿੱਤਰ ਪਰਮਾਤਮਾ (ਹੀ ਹਰ ਥਾਂ ਦਿੱਸਦਾ ਹੈ)।3।

ਹੇ ਭਾਈ! ਜਿਸ (ਪਰਮਾਤਮਾ) ਨੇ (ਤੇਰੇ ਅੰਦਰ) ਆਤਮਕ ਜੀਵਨ ਦੀ ਸੂਝ ਪੈਦਾ ਕੀਤੀ ਹੈ, ਉਸ ਨਾਲ ਸਦਾ ਡੂੰਘੀ ਸਾਂਝ ਪਾਈ ਰੱਖ। ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਉਸ ਇਕ ਪਰਮਾਤਮਾ ਨਾਲ ਜਾਣ-ਪਛਾਣ ਬਣਾਈ ਰੱਖ। ਹੇ ਨਾਨਕ! ਜਦੋਂ ਮਨੁੱਖ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਦਾ ਹੈ ਤਦੋਂ (ਉਸ ਨੂੰ ਉੱਚੇ ਆਤਮਕ ਜੀਵਨ ਦੀ) ਸਮਝ ਪ੍ਰਾਪਤ ਹੋ ਜਾਂਦੀ ਹੈ। ਨਾਮ ਵਿਚ ਰੰਗੀਜ ਕੇ ਉਹ ਸਦਾ-ਥਿਰ ਪ੍ਰਭੂ (ਉਸ ਨੂੰ ਹਰ ਥਾਂ ਵੱਸਦਾ ਦਿੱਸਦਾ ਹੈ)।4।8।